ਦਫਤਰ:- ਡਾਇਰੈਕਟਰ ਸਿਖਿਆ ਵਿਭਾਗ (ਐ:ਸਿ:) ਪੰਜਾਬ, ਮੋਹਾਲੀ।

(ਅਮਲਾ-1 ਸ਼ਾਖਾ)

ਹੁਕਮ ਨੰਬਰ:-26/19-2017-ਅਮਲਾ-1(1)

ਮਿਤੀ ਮੋਹਾਲੀ:-14/11/2017

ਸ਼੍ਰੀ ਹੰਸ ਰਾਜ, ਬਲਾਕ ਪ੍ਰਾਇਮਰੀ ਸਿਖਿਆ ਅਫਸਰ, ਵੈਸਟ-1 (ਜਲੰਧਰ), ਦੀ ਰਿਟਾਇਰਮੈਂਟ ਮਿਤੀ 31/11/2017 ਉਪਰੰਤ ਸੇਵਾਕਾਲ ਵਿਚ ਮਿਤੀ 01/12/2017 ਤੋਂ 30/11/2018 ਤੱਕ ਇੱਕ ਸਾਲ (ਪਹਿਲੇ ਸਾਲ ਦਾ) ਵਾਧਾ ਪੰਜਾਬ ਸਰਕਾਰ ਦੇ ਪੱਤਰ ਨੰਬਰ:-22/2/2012-3ਐਫ.ਪੀ 2/257 ਮਿਤੀ 30/10/2015 ਵਿਚ ਦਰਜ ਹਦਾਇਤਾਂ/ ਟਰਮ ਅਤੇ ਕੰਡੀਸ਼ਨਜ਼ ਦੇ ਸੰਨਮੁੱਖ ਹੇਠ ਲਿਖੀਆਂ ਸ਼ਰਤਾਂ ਤਹਿਤ ਦਿੱਤਾ ਜਾਂਦਾ ਹੈ:-

1) ਸੇਵਾਕਾਲ ਦੇ ਵਾਧੇ ਲਈ ਅਧਿਕਾਰੀ/ਕਰਮਚਾਰੀ ਨੂੰ ਪੰਜਾਬ ਸਰਕਾਰ ਦੇ ਪੱਤਰ ਨੰ:22/2/2013-3 ਐਫ.ਪੀ.2/257 ਮਿਤੀ 30.10.15 ਵਿੱਚ ਦਰਜ ਸਾਰੀਆਂ ਸ਼ਰਤਾਂ ਅਤੇ Terms and conditions ਮੰਨਜੂਰ ਹੋਣ।

2) ਵਧੇ ਹੋਏ ਸੇਵਾਕਾਲ ਦੌਰਾਨ ਸਬੰਧਤ ਅਧਿਕਾਰੀ/ਕਰਮਚਾਰੀ ਦੀ ਤਨਖਾਹ ਅਤੇ ਹੋਰ ਲਾਭਾਂ ਬਾਰੇ ਪੰਜਾਬ ਸਰਕਾਰ ਦੀ ਨੋਟੀਫਿਕੇਸ਼ਨ ਨੰ: GSR57 and 58/Const./Art.309/Amd./2015. Dated 30.10.2015 ਪੂਰੀ ਤਰ੍ਹਾਂ ਲਾਗੂ ਹੋਵੇਗੀ, ਜਿਸ ਅਨੁਸਾਰ ਵਧੇ ਹੋਏ ਸੇਵਾਕਾਲ ਦੌਰਾਨ ਅਧਿਕਾਰੀ/ਕਰਮਚਾਰੀ ਨੂੰ ਤਰੱਕੀ, ਏ.ਸੀ.ਪੀ. ਦਾ ਲਾਭ, ਸਲਾਨਾ ਵਾਧਾ ਅਤੇ ਸਰਕਾਰ ਵੱਲੋਂ ਸੋਧੇ ਤਨਖਾਹ ਸਕੇਲ ਨਹੀਂ ਦਿੱਤੇ ਜਾਣਗੇ।

3) ਪੰਜਾਬ ਸਰਕਾਰ (ਵਿੱਤ ਵਿਭਾਗ ਵਿੱਤ ਪ੍ਰੋਸੋਨਲ-2 ਸ਼ਾਖਾ) ਦੇ ਪੱਤਰ ਨੰ: 22/2/2012-3 ਐਫ.ਪੀ.2/83 ਮਿਤੀ 30-04-15 ਦੇ ਪੈਰਾ ਨੰ:2 ਵਿੱਚ ਦਰਜ ਸ਼ਰਤਾਂ ਦੇ ਸਨਮੁੱਖ ਇਹ ਅਧਿਕਾਰੀ/ਕਰਮਚਾਰੀ ਸੇਵਾਕਾਲ ਦੇ ਵਾਧੇ ਲਈ ਯੋਗ ਹੋਵੇ।

4) ਜੇਕਰ ਸੇਵਾਕਾਲ ਦੇ ਵਾਧੇ ਦੌਰਾਨ ਅਧਿਕਾਰੀ/ਕਰਮਚਾਰੀ ਵੱਲੋਂ ਕੋਈ ਗੰਭੀਰ ਕੁਤਾਹੀ ਕੀਤੀ ਜਾਂਦੀ ਹੈ ਜਾਂ ਪਹਿਲਾਂ ਕੀਤੀ ਕੋਈ ਗੰਭੀਰ ਕੁਤਾਹੀ ਨੋਟਿਸ ਵਿੱਚ ਆਉਂਦੀ ਹੈ ਤਾਂ ਉਸ ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵਿਭਾਗੀ ਕਾਰਵਾਈ ਤੋਂ ਇਲਾਵਾ ਉਸ ਦੇ ਸੇਵਾਕਾਲ ਦੇ ਵਾਧੇ ਨੂੰ ਫੌਰੀ ਤੌਰ ਤੇ ਬਿਨ੍ਹਾ ਕਿਸੇ ਨੋਟਿਸ ਦੇ ਵਾਪਸ ਲਿਆ ਜਾ ਸਕਦਾ ਹੈ।

5) ਸਬੰਧਤ ਕਰਮਚਾਰੀ ਨੂੰ ਸੇਵਾ ਨਵਿਰਤੀ ਉਪਰੰਤ ਮਿਲਣ ਯੋਗ ਸਾਰੇ ਪੈਨਸ਼ਰੀ ਲਾਭ ਉਸਦੇ ਸੇਵਾਕਾਲ ਵਿੱਚ ਕੀਤੇ ਵਾਧੇ ਦੀ ਸਮਾਪਤੀ ਹੋਣ ਉਪਰੰਤ ਹੀ ਮਿਲਣ ਯੋਗ ਹੋਣਗੇ।

6) ਜੇਕਰ ਕਰਮਚਾਰੀ ਦੀ ਪੈਨਸ਼ਨ ਮਹਾਂਲੇਖਾਕਾਰ ਪੰਜਾਬ ਤੋਂ ਪ੍ਰਵਾਨਗੀ ਉਪਰੰਤ ਆਪ ਦੇ ਅਧੀਨ ਦਫਤਰ ਵਿਖੇ ਪ੍ਰਾਪਤ ਹੋ ਗਈ ਹੋਵੇ ਤਾਂ ਪੈਨਸ਼ਨਰੀ ਲਾਭਾਂ ਦੀ ਅਦਾਇਗੀ ਤੁਰੰਤ ਰੋਕ ਦਿੱਤੀ ਜਾਵੇ।

7) ਕਰਮਚਾਰੀ ਉਕਤ ਦੱਸੀਆਂ ਹਦਾਇਤਾਂ ਅਤੇ ਸਰਕਾਰ ਵੱਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ।

8) ਪੰਜਾਬ ਸਰਕਾਰ, ਵਿੱਤ ਵਿਭਾਗ ਦੇ ਪੱਤਰ ਨੰ:22/2/2012-3 ਐਫ.ਪੀ-2/15 ਮਿਤੀ 23-01-2015 ਅਨੁਸਾਰ ਸਬੰਧਤ ਅਧਿਕਾਰੀ/ਕਰਮਚਾਰੀ ਵੱਲੋਂ ਲਿਆ ਗਿਆ ਇਹ ਆਪਸ਼ਨਲ ਵਾਧਾ ਕਿਸੇ ਸਮੇਂ ਕੋਈ ਵੀ ਕਾਰਨ ਕਰਕੇ ਵਾਪਸ ਲਿਆ ਜਾ ਸਕਦਾ ਹੈ।

9) ਜੇਕਰ ਕਿਸੇ ਵੇਲੇ ਵੀ ਕੋਈ ਤੱਥ ਗਲਤ ਪਾਇਆ ਗਿਆ ਜਾਂ ਅਧਿਕਾਰੀ/ਕਰਮਚਾਰੀ ਵਿਰੁੱਧ ਚੱਲ ਰਹੀ ਵਿਭਾਗੀ ਇੰਨਕੁਆਰੀ/ਵਿਜੀਲੈਂਸ ਕੇਸ ਜਾਂ ਕਰੀਮਿਨਲ ਕੇਸ ਬਾਰੇ ਤੁਰੰਤ ਸੂਚਨਾ ਨਾ ਭੇਜੀ ਗਈ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਐ.ਸਿੱ) ਅਤੇ ਬੀ.ਪੀ.ਈ.ਓ. ਦੀ ਹੋਵੇਗੀ।

10) ਇਸ ਅਧਿਕਾਰੀ ਵਲੋਂ ਆਪਣਾ ਪੈਨਸ਼ਨ ਕੇਸ ਮਹਾਂ ਲੇਖਾਕਾਰ ਪੰਜਾਬ,ਚੰਡੀਗੜ੍ਹ ਤੋਂ ਪ੍ਰਵਾਨ ਨਾ ਕਰਵਾਇਆ ਗਿਆ ਹੋਵੇ।

ਇੰਦਰਜੀਤ ਸਿੰਘ

ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ), ਪੰਜਾਬ

ਪਿੱਠ ਅੰਕਣ ਨੰ: ਉਕਤ/ 100/08 ਮਿਤੀ: ਐਸ.ਏ.ਐਸ.ਨਗਰ 27-11-17

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਜਿਲ੍ਹਾ ਸਿੱਖਿਆ ਅਫਸਰ (ਐ.ਸਿੱ) ਜਲੰਧਰ ਨੂੰ ਆਪ ਦੇ ਪੱਤਰ ਨੰ:-ਅ-4/2017/8419-20 ਮਿਤੀ 18/10/2017 ਦੇ ਹਵਾਲੇ ਵਿਚ।
2. ਮਹਾਂਲੇਖਾਕਾਰ,ਪੰਜਾਬ, ਚੰਡੀਗੜ੍ਹ।
3. ਜਿਲ੍ਹਾ ਖਜਾਨਾਂ ਅਫਸਰ, ਜਲੰਧਰ।
4. ਬਲਾਕ ਪ੍ਰਾਇਮਰੀ ਸਿਖਿਆ ਅਫਸਰ, ਈਸਟ-1 (ਜਲੰਧਰ)
5. ਸ਼੍ਰੀ ਹੰਸ ਰਾਜ, ਬੀ.ਪੀ.ਈ.ਓ. ਈਸਟ-1 (ਜਲੰਧਰ)।
6. ਐਮ.ਆਈ.ਐਸ. ਵਿੰਗ ਦਫਤਰ ਸਰਵ ਸਿਖਿਆ ਅਭਿਆਨ ਅਥਾਰਟੀ,ਪੰਜਾਬ,ਐਸ.ਏ.ਐਸ.ਨਗਰ ਨੂੰ ਵਿਭਾਗ ਦੀ ਸਾਈਟ ਦੇ ਪਾਉਣ ਲਈ।

24/11/17

ਡਿਪਟੀ ਡਾਇਰੈਕਟਰ (ਅਮਲਾ)